# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ :02-05-2026**

ਪੰਜਾਬ ਪੁਲਿਸ ਨੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਖਿਲਾਫ ਗੈਰ-ਜ਼ਮਾਨਤੀ ਧਾਰਾਵਾਂ ਤਹਿਤ FIR ਦਰਜ ਕੀਤੀ ਏ। ਸੰਦੀਪ ਪਾਠਕ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਦੇ 6 ਹੋਰ ਰਾਜ ਸਭਾ ਸੰਸਦ ਮੈਂਬਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨ। ਇਸ ਕਾਰਵਾਈ ਨਾਲ ਪੰਜਾਬ ਵਿੱਚ ਇੱਕ ਨਵਾਂ ਸਿਆਸੀ ਵਿਵਾਦ ਪੈਦਾ ਹੋ ਗਿਆ ਏ। ਸੂਤਰਾਂ ਅਨੁਸਾਰ, ਪੰਜਾਬ ਦੇ ਦੋ ਜ਼ਿਲ੍ਹਿਆਂ ਵਿੱਚ ਦੋ ਵੱਖ-ਵੱਖ FIR ਦਰਜ ਕੀਤੀਆਂ ਗਈਆਂ ਨੇ, ਹਾਲਾਂਕਿ, ਦੋਵਾਂ ਜ਼ਿਲ੍ਹਿਆਂ ਦੇ ਨਾਵਾਂ ਦਾ ਹਾਲੇ ਤੱਕ ਅਧਿਕਾਰਤ ਤੌਰ 'ਤੇ ਖੁਲਾਸਾ ਨਹੀਂ ਕੀਤਾ ਗਿਆ। ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰਾਂ ਵਿੱਚੋਂ ਦੋ ਵਿਰੁੱਧ ਇਹ ਦੂਜੀ ਅਜਿਹੀ ਕਾਰਵਾਈ ਏ। ਵੀਰਵਾਰ ਨੂੰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਦੇ ਅਧਿਕਾਰੀਆਂ ਨੇ ਰਾਜ ਸਭਾ ਮੈਂਬਰ, ਰਜਿੰਦਰ ਗੁਪਤਾ ਦੀ ਮਾਲਕੀ ਵਾਲੇ ਟ੍ਰਾਈਡੈਂਟ ਗਰੁੱਪ ਦੇ ਇੱਕ ਟੈਕਸਟਾਈਲ ਯੂਨਿਟ 'ਤੇ ਛਾਪਾ ਮਾਰਿਆ ਸੀ। ਇਸ ਦੌਰਾਨ, ਪੰਜਾਬ

ਭਾਜਪਾ ਪ੍ਰਧਾਨ, ਸੁਨੀਲ ਜਾਖੜ ਨੇ ਸ੍ਰੀ ਪਾਠਕ ਵਿਰੁੱਧ FIR ਦਰਜ ਕਰਨ ਨੂੰ ਆਮ ਆਦਮੀ ਪਾਰਟੀ ਦੇ ਦੋਹਰੇ ਮਾਪਦੰਡਾਂ ਦਾ ਸਬੂਤ ਦੱਸਿਆ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਜਾਖੜ ਨੇ ਕਿਹਾ ਕਿ ਉਨ੍ਹਾਂ ਦੇ ਨੇਤਾਵਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਤੁਰੰਤ ਬਾਅਦ, ਆਮ ਆਦਮੀ ਪਾਰਟੀ ਨੂੰ ਉਨ੍ਹਾਂ ਵਿੱਚ ਕਮੀਆਂ ਦਿਖਾਈ ਦੇਣ ਲੱਗੀਆਂ ਨੇ। ਜ਼ਿਕਰਯੋਗ ਏ ਕਿ ਬੀਤੀ 24 ਅਪ੍ਰੈਲ ਨੂੰ ਸੰਦੀਪ ਪਾਠਕ, ਰਜਿੰਦਰ ਗੁਪਤਾ, ਰਾਘਵ ਚੱਢਾ, ਅਸ਼ੋਕ ਕੁਮਾਰ ਮਿੱਤਲ, ਹਰਭਜਨ ਸਿੰਘ, ਵਿਕਰਮਜੀਤ ਸਿੰਘ ਸਾਹਨੀ ਅਤੇ ਸਵਾਤੀ ਮਾਲੀਵਾਲ ਸਮੇਤ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਸੰਸਦ ਮੈਂਬਰ, ਭਾਜਪਾ ਵਿੱਚ ਸ਼ਾਮਲ ਹੋ ਗਏ ਸਨ।

---------------------------------------------------

ਪੰਜਾਬ ਸਰਕਾਰ ਨੇ ਪ੍ਰਸ਼ਾਸਕੀ ਫੇਰਬਦਲ ਕਰਦਿਆਂ ਛੇ ਆਈਏਐਸ ਅਤੇ 39 ਪੀਸੀਐਸ ਅਧਿਕਾਰੀਆਂ ਦੇ ਤਬਾਦਲੇ ਕੀਤੇ ਨੇ। ਇਨ੍ਹਾਂ ਵਿੱਚ ਜ਼ੀਰਾ, ਪਠਾਨਕੋਟ, ਰਾਏਕੋਟ, ਲੋਪੋਕੇ, ਫਤਿਹਗੜ੍ਹ ਸਾਹਿਬ, ਰਾਜਪੁਰਾ, ਮੌੜ ਮੰਡੀ, ਹੁਸ਼ਿਆਰਪੁਰ, ਜਲੰਧਰ-1, ਅੰਮ੍ਰਿਤਸਰ-1, ਭਵਾਨੀਗੜ੍ਹ, ਤਲਵੰਡੀ ਸਾਬੋ ਅਤੇ ਬੱਸੀ ਪਠਾਣਾ ਦੇ ਸਬ ਡਿਵੀਜ਼ਨਲ ਮੈਜਿਸਟ੍ਰੇਟ ਵੀ ਸ਼ਾਮਿਲ ਨੇ। ਸੂਬਾ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਕਈ ਖੇਤਰੀ ਟਰਾਂਸਪੋਰਟ ਅਧਿਕਾਰੀਆਂ (ਆਰਟੀਓ) ਨੂੰ ਵੀ ਤਬਦੀਲ ਕੀਤਾ ਗਿਆ

ਏ। ਮੁੱਖ ਆਈਏਐਸ ਅਧਿਕਾਰੀਆਂ ਵਿਚ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਮੁੱਖ ਕਾਰਜਕਾਰੀ ਨੀਲਿਮਾ ਨੂੰ ਗ੍ਰਹਿ ਮਾਮਲਿਆਂ ਦੇ ਸਕੱਤਰ ਦਾ ਚਾਰਜ ਦਿੱਤਾ ਗਿਆ ਏ। ਸੰਦੀਪ ਕੁਮਾਰ ਨੂੰ ਸਾਕਸ਼ੀ ਸਾਹਨੀ ਦੀ ਥਾਂ ਗ੍ਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਟੀ (ਜੀਐਮਏਡੀਏ) ਦੇ ਨਵੇਂ ਮੁੱਖ ਪ੍ਰਸ਼ਾਸਕ ਵਜੋਂ ਤਾਇਨਾਤ ਕੀਤਾ ਗਿਆ ਏ। ਸਾਕਸ਼ੀ ਸਾਹਨੀ, ਡਾਇਰੈਕਟਰ, ਟਾਊਨ ਐਂਡ ਕੰਟਰੀ ਪਲਾਨਿੰਗ ਦੇ ਨਾਲ-ਨਾਲ ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ (ਪੁਡਾ) ਦੇ ਮੁੱਖ ਪ੍ਰਸ਼ਾਸਕ ਵੀ ਬਣੇ ਰਹਿਣਗੇ। ਅਭਿਜੀਤ ਕਪਲਿਸ਼, ਜੋ ਕਿ ਡਾਇਰੈਕਟਰ, ਖਾਣਾਂ ਅਤੇ ਭੂ-ਵਿਗਿਆਨ ਦਾ ਚਾਰਜ ਸੰਭਾਲ ਰਹੇ ਨੇ, ਨੂੰ ਸ਼੍ਰੀਮਤੀ ਨੀਲਿਮਾ ਦੀ ਥਾਂ 'ਤੇ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਦਾ ਵਾਧੂ ਚਾਰਜ ਦਿੱਤਾ ਗਿਆ ਏ।

-------------------------------------------------------

ਪੰਜਾਬ ਸਰਕਾਰ ਦੇ ਕਿਰਤ ਵਿਭਾਗ ਵੱਲੋਂ 1 ਮਈ 2026 ਤੋਂ ਲਾਗੂ ਹੋਣ ਵਾਲੀਆਂ ਨਵੀਆਂ ਘੱਟੋ-ਘੱਟ ਉਜਰਤਾਂ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ। ਜ਼ਿਕਰਯੋਗ ਏ ਕਿ ਬੀਤੇ ਕੱਲ੍ਹ ਚੰਡੀਗੜ੍ਹ ਵਿਖੇ ਕਿਰਤਾ ਦਿਹਾੜੇ ਮੌਕੇ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਘੱਟੋ-ਘੱਟ ਉਜਰਤਾਂ ਵਿਚ 15 ਫੀਸਦ ਦੇ ਵਾਧੇ ਐਲਾਨ ਕੀਤਾ ਸੀ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਉਨ੍ਹਾਂ ਦੇ ਧਰਮਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਬੀਤੇ ਕੱਲ੍ਹ ਚੰਡੀਗੜ੍ਹ ਸਥਿਤ ਪੰਜਾਬ ਲੋਕ ਭਵਨ ਵਿਖੇ ਕਰਵਾਏ ਗਏ ਮਹਾਰਾਸ਼ਟਰ, ਗੁਜਰਾਤ ਅਤੇ ਹਿਮਾਚਲ ਪ੍ਰਦੇਸ਼ ਦੇ ਸਥਾਪਨਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਏ। ਹਿਮਾਚਲ ਪ੍ਰਦੇਸ਼ ਦਾ ਸਥਾਪਨਾ ਦਿਵਸ 15 ਅਪ੍ਰੈਲ ਨੂੰ ਕੁਝ ਕਾਰਨਾਂ ਕਰਕੇ ਪਹਿਲਾਂ ਆਯੋਜਿਤ ਨਾ ਹੋ ਸਕਣ ਕਾਰਨ ਇਸ ਨੂੰ ਮਹਾਰਾਸ਼ਟਰ ਅਤੇ ਗੁਜਰਾਤ ਦੇ ਨਾਲ ਮਨਾਇਆ ਗਿਆ। 'ਏਕ ਭਾਰਤ ਸ਼੍ਰੇਸ਼ਠ ਭਾਰਤ' ਤਹਿਤ ਆਯੋਜਿਤ ਕੀਤੇ ਗਏ ਇਸ ਸਮਾਗਮ ਦਾ ਉਦੇਸ਼ ਭਾਸ਼ਾ, ਸੱਭਿਆਚਾਰ, ਪਰੰਪਰਾਵਾਂ ਅਤੇ ਵਿਰਾਸਤ ਦੇ ਅਦਾਨ-ਪ੍ਰਦਾਨ ਦੇ ਜ਼ਰੀਏ ਰਾਸ਼ਟਰੀ ਏਕਤਾ ਅਤੇ ਸੱਭਿਆਚਾਰਕ ਸਦਭਾਵਨਾ ਨੂੰ ਹੁਲਾਰਾ ਦੇਣਾ ਏ। ਤਿੰਨਾਂ ਰਾਜਾਂ ਦੇ ਨਾਗਰਿਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਰਾਜਪਾਲ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼, ਮਹਾਰਾਸ਼ਟਰ ਅਤੇ ਗੁਜਰਾਤ ਨੇ ਰਾਸ਼ਟਰ ਨਿਰਮਾਣ, ਸਮਾਜਿਕ ਨਿਆਂ, ਸੱਭਿਆਚਾਰਕ ਖੁਸ਼ਹਾਲੀ ਅਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਏ।

---

ਕਤਰ ਏਅਰਵੇਜ਼ ਨੇ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਆਪਣੀਆਂ ਰੋਜ਼ਾਨਾ ਉਡਾਣਾਂ ਨੂੰ ਮੁੜ

ਸ਼ੁਰੂ ਕਰ ਦਿੱਤਾ ਏ। ਇਸ ਤੋਂ ਪਹਿਲਾਂ ਏਅਰਲਾਈਨ ਵੱਲੋਂ ਹਫ਼ਤੇ ਵਿੱਚ ਸਿਰਫ ਦੋ ਉਡਾਣਾਂ ਚਲਾਈਆਂ ਜਾ ਰਹੀਆਂ ਸਨ। ਮਾਰਚ ਦੇ ਪਹਿਲੇ ਹਫ਼ਤੇ ਵਿੱਚ ਅਮਰੀਕਾ-ਇਜ਼ਰਾਇਲ ਅਤੇ ਈਰਾਨ ਦਰਮਿਆਨ ਟਕਰਾਅ ਕਾਰਨ ਇਹ ਸੇਵਾਵਾਂ ਅਸਥਾਈ ਤੌਰ ‘ਤੇ ਰੋਕ ਦਿੱਤੀਆਂ ਗਈਆਂ ਸਨ। ਹੁਣ ਉਡਾਣਾਂ ਦਾ ਨਿਯਮਿਤ ਸਡਿਊਲ ਬਹਾਲ ਕਰ ਦਿੱਤਾ ਗਿਆ ਏ। ਇਸ ਦੇ ਨਾਲ ਹੀ ਏਅਰ ਇੰਡੀਆ ਐਕਸਪ੍ਰੈਸ ਨੇ ਵੀ ਸ਼ਾਰਜਾਹ ਲਈ ਆਪਣੀਆਂ ਰੋਜ਼ਾਨਾ ਉਡਾਣਾਂ ਮੁੜ ਸ਼ੁਰੂ ਕਰ ਦਿੱਤੀਆਂ ਨੇ।

---------------------------------------------------------

ਚੰਡੀਗੜ੍ਹ ਸਥਿਤ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਮਗਸੀਪਾ) ਵਿਖੇ ਕਰਵਾਏ ਗਏ ਇੱਕ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਾਨੂੰਨੀ ਭਾਈਚਾਰੇ ਨੂੰ ਸੱਦਾ ਦਿੱਤਾ ਏ ਕਿ ਉਹ ਸੰਵਿਧਾਨਕ ਢਾਂਚੇ ਦੀ ਰਾਖੀ ਕਰਦਿਆਂ ਭਾਰਤ ਦੀਆਂ ਜਮਹੂਰੀ ਕਦਰਾਂ-ਕੀਮਤਾਂ ਦੇ ਰਖਵਾਲੇ ਵਜੋਂ ਕੰਮ ਕਰਨ। ਪੰਜਾਬ ਦੇ ਐਡਵੋਕੇਟ ਜਨਰਲ ਦਫ਼ਤਰ ਦੇ ਲਾਅ ਅਫ਼ਸਰਾਂ ਵੱਲੋਂ ਕਰਵਾਏ ਗਏ ਇਸ ਸਮਾਗਮ ਵਿੱਚ ਕਾਨੂੰਨੀ ਭਾਈਚਾਰੇ ਦੇ ਮੈਂਬਰਾਂ ਨੇ ਸੰਵਿਧਾਨਕ ਸਿਧਾਂਤਾਂ ਦੀ ਨਿਰੰਤਰ ਪ੍ਰਸੰਗਿਕਤਾ 'ਤੇ ਵਿਚਾਰ ਕਰਨ ਲਈ ਸ਼ਿਰਕਤ ਕੀਤੀ।ਬਾਬਾ ਸਾਹਿਬ

ਅੰਬੇਡਕਰ ਦੇ 135ਵੇਂ ਜਨਮ ਦਿਹਾੜੇ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿੱਤ ਮੰਤਰੀ ਨੇ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਅਤੇ ਇੱਕ ਦੂਰਅੰਦੇਸ਼ੀ ਅਰਥ ਸ਼ਾਸਤਰੀ ਵਜੋਂ ਉਨ੍ਹਾਂ ਦੇ ਬੇਮਿਸਾਲ ਯੋਗਦਾਨ 'ਤੇ ਚਾਨਣਾ ਪਾਇਆ, ਅਤੇ ਕਿਹਾ ਕਿ ਉਨ੍ਹਾ ਨੇ ਦੇਸ਼ ਦੀਆਂ ਪ੍ਰਮੁੱਖ ਵਿੱਤੀ ਸੰਸਥਾਵਾਂ ਨੂੰ ਆਕਾਰ ਦੇਣ ਵਿੱਚ ਬੁਨਿਆਦੀ ਭੂਮਿਕਾ ਨਿਭਾਈ। ਮੌਜੂਦਾ ਸੰਦਰਭ ਵਿੱਚ ਉਨ੍ਹਾਂ ਦੇ ਵਿਚਾਰਾਂ ਦੀ ਪ੍ਰਸੰਗਿਕਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਬਾਬਾ ਸਾਹਿਬ ਅੰਬੇਡਕਰ ਨੇ ਭਾਰਤ ਨੂੰ ਸਿਰਫ਼ ਸੰਵਿਧਾਨ ਹੀ ਨਹੀਂ ਦਿੱਤਾ, ਸਗੋਂ ਆਰਥਿਕ ਨੀਹਾਂ ਵੀ ਰੱਖੀਆਂ ਜੋ ਅੱਜ ਵੀ ਦੇਸ਼ ਦਾ ਮਾਰਗਦਰਸ਼ਨ ਕਰ ਰਹੀਆਂ ਨੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦਾ ਨਿਆਂ, ਬਰਾਬਰੀ ਅਤੇ ਸੰਸਥਾਗਤ ਇਮਾਨਦਾਰੀ ਦਾ ਨਜ਼ਰੀਆ ਸਾਡਾ ਮਾਰਗਦਰਸ਼ਕ ਬਣਿਆ ਰਹਿਣਾ ਚਾਹੀਦਾ ਏ।

---

ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਏ ਕਿ ਇਨ੍ਹਾਂ ਯੋਜਨਾਵਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਸਹੂਲਤਾਂ ਤੋਂ ਵਾਂਝਾ ਨਾ ਰਹੇ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮੀਖਿਆ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ ਵਿੱਚ ਬਣਾਏ ਜਾ ਰਹੇ ਕਾਰਡਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਸੂਬਾ ਸਰਕਾਰ ਵੱਲੋਂ ਇਸ ਯੋਜਨਾ ਤਹਿਤ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਏ। ਉਨ੍ਹਾਂ ਇਸ ਯੋਜਨਾ ਦਾ ਲਾਭ ਜ਼ਮੀਨੀ ਪੱਧਰ ਤੱਕ ਪੁੱਜਦਾ ਕਰਨ ਲਈ ਐਸ.ਡੀ.ਐਮਜ਼ ਨੂੰ ਯੋਜਨਾ ਦੀ ਨਿਯਮਿਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਕਾਰਡ ਬਣਾਉਣ ਲਈ ਲਾਏ ਜਾ ਰਹੇ ਕੈਂਪਾਂ ਦੀ ਲਗਾਤਾਰ ਸਮੀਖਿਆ ਦੇ ਨਾਲ-ਨਾਲ ਆਪਰੇਟਰਾਂ ਨਾਲ ਰਾਬਤਾ ਕਾਇਮ ਰੱਖਿਆ ਜਾਵੇ ਅਤੇ ਜੇਕਰ ਕਿਤੇ ਕੋਈ ਸਮੱਸਿਆ ਪੇਸ਼ ਆਉਂਦੀ ਏ, ਤਾਂ ਉਸ ਨੂੰ ਫੌਰੀ ਹੱਲ ਕੀਤਾ ਜਾਵੇ । ਡਿਪਟੀ ਕਮਿਸ਼ਨਰ ਨੇ ਇਕ ਵੱਖਰੀ ਮੀਟਿੰਗ ਦੌਰਾਨ ਸਵਾਮਿਤਵ-ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਚੱਲ ਰਹੇ ਘਰ-ਘਰ ਸਰਵੇਖਣ ਦੇ ਕੰਮ ਦੀ ਸਮੀਖਿਆ ਕਰਦਿਆਂ ਇਸ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਨੇ। ਇਸ ਦੌਰਾਨ ਉਨ੍ਹਾਂ ਨੇ ਈਜ਼ੀ ਰਜਿਸਟ੍ਰੇਸ਼ਨ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵੀ ਜਾਇਜ਼ਾ ਲਿਆ |